# ਫ਼ਲਾਂ ਦੇ ਰਸ ਦੇ ਖੇਤਰ 'ਚ ਪੰਜਾਬ ਨੂੰ ਦੁਨੀਆ ਦਾ ਸਭ ਤੋਂ ਵੱਡਾ ਉਤਪਾਦਕ ਬਣਾਇਆ ਜਾਵੇਗਾ

ਚੰਡੀਗੜ੍ਹ/25 ਅਪ੍ਰੈਲ/ਦਸਨਸ

ਪੰਜਾਬ ਨੂੰ ਫ਼ਲਾਂ ਦੇ ਰਸਾਂ ਦੇ ਖੇਤਰ 'ਚ ਵਿਸ਼ਵ ਦਾ ਸਭ ਤੋਂ ਵੱਡਾ ਉਤਪਾਦਕ ਬਣਾਉਣ ਲਈ ਪ੍ਰਮੁੱਖ ਕੋਲਡ ਡ੍ਰਿੰਕਸ ਕੰਪਨੀ ਵੱਲੋਂ ਆਪਣਾ ਕਾਰੋਬਾਰ ਪੰਜਾਬ ਵਿਚ ਸ਼ੁਰੂ ਕੀਤਾ ਜਾਵੇਗਾ। ਇਸ ਤਰ੍ਹਾਂ ਕੰਪਨੀ ਵੱਲੋਂ ਖੇਤੀ ਵਿਭੰਨਤਾ ਦੇ ਖੇਤਰ ਵਿਚ ਵੀ ਵਡਮੁੱਲਾ ਯੋਗਦਾਨ ਪਾਇਆ ਜਾਵੇਗਾ।

ਇਸ ਤੋਂ ਇਲਾਵਾ ਕੰਪਨੀ ਵੱਲੋਂ ਸਿੱਖਿਆ, ਸਿਹਤ, ਦਿਹਾਤੀ ਸਫ਼ਾਈ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਪਲਾਈ ਦੇ ਖੇਤਰਾਂ ਵਿਚ ਰਾਜ ਸਰਕਾਰ ਨਾਲ ਭਾਈਵਾਲੀ ਕਰਕੇ ਸਮਾਜਕ ਜ਼ਿੰਮੇਵਾਰੀ ਵੀ ਨਿਭਾਈ ਜਾਵੇਗੀ। ਇਹ ਪ੍ਰਗਟਾਵਾ ਪੈਪਸੀ ਇੰਟਰਨੈਸ਼ਨਲ ਦੇ ਮੁੱਖ ਕਾਰਜਕਾਰੀ ਅਫ਼ਸਰ ਸੰਜੀਵ ਚੱਢਾ ਵੱਲੋਂ ਅੱਜ ਇੱਥੇ ਪੰਜਾਬ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨਾਲ ਇੱਕ ਮੁਲਾਕਾਤ ਦੌਰਾਨ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਕੰਪਨੀ ਵੱਲੋਂ ਆਲੂਆਂ, ਸੇਬ ਅਤੇ ਨਿੰਬੂ ਜਾਤੀ ਦੇ ਫ਼ਲਾਂ ਦੀ ਠੇਕੇ ਦੇ ਆਧਾਰ 'ਤੇ ਖੇਤੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਬੀਵਰੇਜ਼ ਸਨਅਤਾਂ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਮਿਆਰ ਨੂੰ ਰੋਕਣ ਵਿਚ ਵੱਡਾ ਯੋਗਦਾਨ ਪਾ ਸਕਦੀਆਂ ਹਨ। ਮੁੱਖ ਮੰਤਰੀ ਨਾਲ ਗੱਲਬਾਤ ਦੌਰਾਨ ਸ੍ਰੀ ਚੱਢਾ ਨੇ ਪਾਣੀ ਦੇ ਪ੍ਰਦੂਸ਼ਣ ਨੂੰ ਰੋਕਣ ਲਈ ਮਦਦ ਦੀ ਪੇਸ਼ਕਸ਼ ਕੀਤੀ ਅਤੇ ਸ੍ਰੀ ਬਾਦਲ ਨੂੰ ਇਸ ਮੰਤਵ ਲਈ ਪੈਪਸੀਕੋ ਪਲਾਂਟਾਂ ਦੇ ਨੇੜੇ ਕੁਝ ਪਿੰਡਾਂ ਦੀ ਸ਼ਨਾਖ਼ਤ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਕੰਪਨੀ ਨੇ ਨਮੂਨੇ ਦੀ ਤਕਨੀਕ ਰਾਹੀਂ ਪਾਣੀ ਦੀ ਵਰਤੋਂ ਅਸਲ ਤੋਂ ਤਿੰਨ ਹਿੱਸੇ ਤੱਕ ਘਟਾ ਦਿੱਤੀ ਹੈ।

ਸ੍ਰੀ ਚੱਢਾ ਨੇ ਦੱਸਿਆ ਕਿ ਜਲੰਧਰ ਜ਼ਿਲ੍ਹੇ ਵਿਚ 15 ਹਜ਼ਾਰ ਏਕੜ ਜ਼ਮੀਨ 'ਤੇ ਕੰਪਨੀ ਵੱਲੋਂ ਝੋਨੇ ਦੀ ਕਾਸ਼ਤ ਲਈ ਵਰਤੀ ਨਵੀਂ ਤਕਨੀਕ ਜਿੱਥੇ ਝੋਨੇ ਦੀ ਲਵਾਈ 'ਤੇ ਹੁੰਦੇ ਖ਼ਰਚੇ ਦੀ ਭਾਰੀ ਬਚਤ ਕਰੇਗੀ, ਉੱਥੇ ਇਸ ਨਾਲ ਪਾਣੀ ਦੀ ਵੀ ਬਹੁਤ ਘੱਟ ਵਰਤੋਂ ਹੋਵੇਗੀ।

ਇਸ ਦੌਰਾਨ ਸ੍ਰੀ ਬਾਦਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਮੀ ਕੰਪਨੀਆਂ ਨੂੰ ਆਪਣੀਆਂ ਸਮਾਜਕ ਜ਼ਿੰਮੇਵਾਰੀਆਂ ਵ ਨਿਭਾਉਣੀਆਂ ਚਾਹੀਦੀਆਂ ਹਨ ਅਤੇ ਰਾਜ ਵਿਚ ਆਰਥ ਅਸਮਾਨਤਾ ਘਟਾਉਣ ਲਈ ਮਦਦ ਕਰਨੀ ਚਾਹੀਦੀ ਹੈ। ਉ ਕਿਹਾ ਕਿ ਅਮੀਰਾਂ ਤੇ ਗ਼ਰੀਬਾਂ ਵਿਚ ਦਿਨੋ-ਦਿਨ ਵਧ ਰਿਹਾ ਪਾ ਘਟਾਉਣਾ ਚਾਹੀਦਾ ਹੈ ਤਾਂ ਜੋ ਇਹ ਫ਼ਰਕ ਕਾਨੂੰਨ ਵਿਵਸਥਾ ਲਈ ਚੁਣੌਤੀ ਨਾ ਬਣ ਸਕੇ।